ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ
**ਐਸ. ਸੀ. ਓ ਨੰ. 104 –106, ਸੈਕਟਰ 34 ਏ, ਚੰਡੀਗੜ੍ਹ**

ਸੇਵਾ ਵਿਖੇ

1. ਰਾਜ ਦੇ ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ. ਅਤੇ ਐ.ਸਿ.), ਪੰਜਾਬ।
2. ਰਾਜ ਦੇ ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਪੰਜਾਬ।
3. ਰਾਜ ਦੇ ਸਮੂਹ ਸਕੂਲ ਮੁੱਖੀ, ਪੰਜਾਬ।(ਵੈੱਬ ਸਾਇਟ ਰਾਹੀਂ)

ਮੀਮੋ ਨੰ ਸਸਅ/ਕੋਆਰਡੀਨੇਸ਼ਨ/09/ 32243
ਮਿਤੀ ਚੰਡੀਗੜ੍ਹ 12 .04. 2010

**ਵਿਸ਼ਾ : ਸੇਵਾ ਪੱਤਰੀਆਂ ਮੁਕੰਮਲ ਕਰਨ ਬਾਰੇ ।**
**ਹਵਾਲਾ: ਪੱਤਰ ਨੰ. ਕੋਆਰਡੀਨੇਸ਼ਨ/09/28045 ਮਿਤੀ 03.03.2010**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦਿੱਤਾ ਜਾਵੇ ਜੀ ।

2.0 ਆਪ ਜੀ ਨੂੰ ਪਤਾ ਹੋਵੇਗਾ ਕਿ ਸਿੱਖਿਆ ਵਿਭਾਗ ਵਿੱਚ ਕੰਮ ਕਰਨ ਵਾਲੇ ਸਾਰੇ ਕਰਮਚਾਰੀਆਂ ਦੀਆਂ ਸੇਵਾ ਪੱਤਰੀਆਂ ਨੂੰ ਮੁਕੰਮਲ ਕਰਨਾ ਸਬੰਧਤ ਡਰਾਇੰਗ ਅਤੇ ਡਿਸਬਰਸਿੰਗ ਅਫਸਰ ਦੀ ਜਿੰਮੇਵਾਰੀ ਹੈ ਪਰੰਤੂ ਇਹ ਆਮ ਵੇਖਣ ਵਿੱਚ ਆਇਆ ਹੈ ਕਿ ਬਹੁਤ ਸਾਰੇ ਕਰਮਚਾਰੀਆਂ ਦੀਆਂ ਸੇਵਾ ਪੱਤਰੀਆਂ ਨਾ-ਮੁਕੰਮਲ ਪਈਆਂ ਹਨ ਜਿਸ ਕਰਕੇ ਜਦੋਂ ਇਹ ਕਰਮਚਾਰੀ ਰਿਟਾਇਰ ਹੁੰਦੇ ਹਨ ਤਾਂ ਉਹਨਾਂ ਦੇ ਪੈਨਸ਼ਨ ਦੇ ਲਾਭ ਮੰਨਜੁਰ ਕਰਨ ਵਿੱਚ ਬਹੁਤ ਦਿੱਕਤ ਪੇਸ਼ ਆਉਂਦੀ ਹੈ ਜਿਸ ਕਰਕੇ ਰਿਟਾਇਰ ਹੋਏ ਕਰਮਚਾਰੀਆਂ ਨੂੰ ਬਹੁਤ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ ਜਦੋਂ ਕਿ ਹਰੇਕ ਡੀ.ਡੀ.ਓ. ਦੀ ਇਹ ਪਹਿਲੀਂ ਜਿੰਮੇਵਾਰੀ ਹੈ ਕਿ ਉਹ ਆਪਣੇ ਅਧੀਨ ਕੰਮ ਕਰਦੇ ਸਾਰੇ ਕਰਮਚਾਰੀਆਂ ਦੀਆਂ ਸੇਵਾ ਪੱਤਰੀਆਂ ਨੂੰ ਮੁਕੰਮਲ ਕਰੇ ।

3.0 ਪਿਛਲੇ ਦਿਨੀਂ ਕੁੱਝ ਸਕੂਲਾਂ ਅਤੇ ਬਲਾਕ ਪ੍ਰਾਇਮਰੀ ਸਿੱਖਿਆ ਦਫਤਰਾਂ ਦੇ ਨਿਰੀਖਣ ਕਰਨ ਤੇ ਇਹ ਗੱਲ ਸਾਹਮਣੇ ਆਈ ਹੈ ਕਿ ਕਰਮਚਾਰੀਆਂ ਦੀਆਂ ਸੇਵਾ ਪੱਤਰੀਆਂ ਨਾ-ਮੁਕੰਮਲ ਪਈਆਂ ਹਨ ਜਦੋਂ ਕਿ ਉਹਨਾਂ ਦੀਆਂ ਤਨਖਾਹਾਂ ਨਵੇਂ ਸਕੇਲਾਂ ਵਿੱਚ ਕਢਵਾਈਆਂ ਜਾ ਰਹੀਆਂ ਹਨ ਜੋ ਕਿ ਗੰਭੀਰ ਵਿੱਤੀ ਅਣਗਹਿਲੀ ਹੈ । ਸਰਕਾਰ / ਮੁੱਖ ਦਫਤਰ ਵੱਲੋਂ ਇਸ ਦਾ ਬਹੁਤ ਗੰਭੀਰ ਨੋਟਿਸ ਲਿਆ ਗਿਆ ਹੈ ।

4.0 ਆਪ ਜੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਅਧੀਨ ਕੰਮ ਕਰਨ ਵਾਲੇ ਸਾਰੇ ਕਰਮਚਾਰੀਆਂ ਦੀਆਂ ਸੇਵਾ ਪੱਤਰੀਆਂ ਨੂੰ ਇੱਕ ਵਿਸ਼ੇਸ਼ ਮੁਹਿੰਮ ਦੇ ਤੌਰ ਤੇ ਹਰ ਹਾਲਤ ਵਿੱਚ 15 ਦਿਨਾਂ ਵਿੱਚ ਮੁਕੰਮਲ ਕੀਤਾ ਜਾਵੇ ਇਸ ਮੁੱਦੇ ਨੂੰ ਮਈ, 2010 ਵਿੱਚ ਹੋਣ ਵਾਲੀ ਜ਼ਿਲ੍ਹਾ ਸਿੱਖਿਆ ਅਫਸਰਾਂ ਦੀ ਮੀਟਿੰਗ ਵਿੱਚ ਇੱਕ ਵਿਸ਼ੇਸ਼ ਏਜੰਡਾ ਆਈਟਮ ਦੇ ਤੌਰ ਤੇ ਵਿਚਾਰਿਆ ਜਾਵੇਗਾ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ

ਉਤਾਰਾ :
1. ਡਾਇਰੈਕਟਰ ਸਿੱਖਿਆ ਵਿਭਾਗ(ਸੈ.ਸਿ. ਅਤੇ ਐ.ਸਿ.), ਪੰਜਾਬ।
2. ਰਾਜ ਦੇ ਸਮੂਹ ਮੰਡਲ ਸਿੱਖਿਆ ਅਫਸਰ, ਪੰਜਾਬ।